
ਹਰ ਦਿਨ ਪੰਜਾਬ ਭਰ 'ਚੋਂ ਅਦਾਰੇ ਨੂੰ ਮਿਲ ਰਹੇ ਪਿਆਰ ਅਤੇ ਸਹਿਯੋਗ ਦਾ ਦਿਲੋਂ ਧੰਨਵਾਦ
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : Lokbani08@gmail.com

31 ਮਾਰਚ 2023

ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)









R.N.I. /Punpun/29016/2008/ ● ਸਾਲ : 15 ● ਅੰਕ : 88 ● ਮੁੱਲ : 5.00 ਰੁਪਏ ● ਕੁੱਲ ਪੇਜ : 10 ● ਫੈਕਸ: 0181-2211009, 99155-94111


## ਭਾਰਤ ਵਿੱਚ ਕੋਰੋਨਾ ਦੇ ਮਾਮਲੇ ਵੱਧਣ ਨਾਲ ਲੋਕਾਂ 'ਚ ਦਹਿਸ਼ਤ

ਦਿੱਲੀ/ਕਪੂਰ
ਕੇਂਦਰੀ ਸਿਹਤ ਮੰਤਰਾਲੇ ਦੇ ਅੱਜ ਅੱਪਡੇਟ ਕੀਤੇ ਅੰਕੜਿਆਂ ਅਨੁਸਾਰ ਭਾਰਤ ਵਿੱਚ ਇੱਕ ਦਿਨ ਵਿੱਚ 3,016 ਨਵੇਂ ਕਰੋਨਾ ਕੇਸਾਂ ਵਿੱਚ ਵਾਧਾ ਹੋਇਆ, ਜੋ ਛੇ ਮਹੀਨਿਆਂ ਵਿੱਚ ਸਭ ਤੋਂ ਵੱਧ ਹੈ, ਜਦੋਂ ਕਿ ਸਰਗਰਮ ਕੇਸ ਵਧ ਕੇ 13,509 ਹੋ ਗਏ ਹਨ।



ਪਿਛਲੇ ਸਾਲ 2 ਅਕਤੂਬਰ ਨੂੰ ਕੁੱਲ 3,375 ਮਾਮਲੇ ਦਰਜ ਕੀਤੇ ਗਏ ਸਨ। ਦੇਸ਼ 'ਚ ਕੋਵਿਡ-19 ਕਾਰਨ 14 ਮੌਤਾਂ ਹੋਈਆਂ ਹਨ ਤੇ ਕੁੱਲ ਗਿਣਤੀ ਵਧ ਕੇ 5,30,862 ਹੋ ਗਈ ਹੈ। ਕਰੋਨਾ ਕਾਰਨ ਮਹਾਰਾਸ਼ਟਰ 'ਚ 3, ਦਿੱਲੀ 'ਚ 2 ਅਤੇ ਹਿਮਾਚਲ 'ਚ ਇਕ ਮੌਤ ਹੋਈ ਹੈ ਤੇ ਕੇਰਲ 'ਚ ਅੱਠ ਮੌਤਾਂ ਦਰਜ ਕੀਤੀਆਂ ਗਈਆਂ ਹਨ। ਇਸ ਦੌਰਾਨ ਦਿੱਲੀ ਦੇ ਮੁੱਖ ਮੰਤਰੀ ਸ਼ੁੱਕਰਵਾਰ ਨੂੰ ਕਰੋਨਾ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਮੀਟਿੰਗ ਕਰਨਗੇ।

## ਜਲੰਧਰ 'ਚ ਹੋਣ ਜਾ ਰਹੀ ਜ਼ਿਮਨੀ ਚੋਣ ਬਾਰੇ ਬਾਜਵਾ ਦਾ ਵੱਡਾ ਬਿਆਨ

ਜਲੰਧਰ/ਰਾਕੇਸ਼ ਵਰਮਾ
ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਦੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਭਾਰਤੀ ਚੋਣ ਕਮਿਸ਼ਨ ਨੂੰ 10 ਮਈ ਨੂੰ ਹੋਣ ਵਾਲੀ ਜਲੰਧਰ ਲੋਕ ਸਭਾ ਜ਼ਿਮਨੀ ਚੋਣ ਦੌਰਾਨ ਆਦਰਸ਼ ਚੋਣ ਜ਼ਾਬਤੇ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਕਿਹਾ ਹੈ। ਬਾਜਵਾ ਨੇ ਕਿਹਾ ਕਿ ਚੋਣ ਕਮਿਸ਼ਨ ਨੂੰ ਸਾਰੇ ਉਮੀਦਵਾਰਾਂ ਲਈ ਬਰਾਬਰੀ ਦਾ ਮੈਦਾਨ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਨੂੰ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਤਸਵੀਰਾਂ ਨੂੰ ਆਮ ਆਦਮੀ ਕਲੀਨਿਕਾਂ ਤੋਂ ਤੁਰੰਤ ਹਟਾਉਣ ਲਈ ਕਿਹਾ ਜਾਣਾ ਚਾਹੀਦਾ ਹੈ ਜਿਸ ਨਾਲ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਨੂੰ ਜ਼ਰੂਰ ਕੁਝ ਫਾਇਦਾ ਹੋ ਸਕਦਾ ਹੈ। ਬਾਜਵਾ ਨੇ ਕਿਹਾ ਮਾਨ ਆਮ



ਆਦਮੀ ਦੇ ਕਲੀਨਿਕਾਂ ਵਿੱਚ ਆਪਣੀਆਂ ਹੀ ਤਸਵੀਰਾਂ ਲਟਕਾਉਣ ਲਈ ਇੰਨਾ ਕਾਹਲਾ ਹੈ ਕਿ ਉਸਨੇ ਪੰਜਾਬ ਸਟੂਡੈਂਟਸ ਯੂਨੀਅਨ (ਪੀ.ਐਸ.ਯੂ.) ਨਾਲ ਸੰਬੰਧਤ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਵੀ ਕਰਵਾਇਆ।

## ਬਲਾਤਕਾਰ ਮਾਮਲੇ ਵਿੱਚ 2 ਨੂੰ ਹੋਈ ਫਾਂਸੀ ਦੀ ਸਜ਼ਾ

ਲੁਧਿਆਣਾ/ਸੁਖਚੈਨ ਮਹਿਰਾ
ਵਧੀਕ ਸੈਸ਼ਨ ਜੱਜ ਅਮਰਜੀਤ ਸਿੰਘ ਦੀ ਅਦਾਲਤ ਨੇ ਦੋਰਾਹਾ ਦੇ ਰਹਿਣ ਵਾਲੇ ਵਿਨੋਦ ਸ਼ਾਹ ਅਤੇ ਰੋਹਿਤ ਕੁਮਾਰ ਸ਼ਰਮਾ ਨੂੰ 7 ਸਾਲਾ ਨਾਬਾਲਗ ਬੱਚੀ ਨਾਲ ਜਬਰ-ਜ਼ਨਾਹ ਕਰਨ ਅਤੇ ਕਤਲ ਕਰਨ ਦੇ ਦੋਸ਼ ਹੇਠ ਫਾਂਸੀ ਦੀ ਸਜ਼ਾ ਸੁਣਾਈ ਹੈ। ਦੋਸ਼ੀਆਂ ਨੂੰ 2-2 ਲੱਖ ਰੁਪਏ ਜੁਰਮਾਨਾ ਵੀ ਕੀਤਾ ਗਿਆ ਹੈ। ਜ਼ਿਲ੍ਹਾ ਅਟਾਰਨੀ ਪੁਨੀਤ ਜੱਗੀ ਅਤੇ ਸਰਕਾਰੀ ਵਕੀਲ ਬੀਡੀ ਗੁਪਤਾ ਨੇ ਅਦਾਲਤ ਦੇ ਫੈਸਲੇ ਦੀ



ਸ਼ਲਾਘਾ ਕੀਤੀ। ਇਸਤਗਾਸਾ ਪੱਖ ਨੇ ਅਦਾਲਤ ਨੂੰ ਦੱਸਿਆ ਕਿ ਮ੍ਰਿਤਕ ਬੱਚੇ ਦੀ ਮਾਂ ਦੀ ਸ਼ਿਕਾਇਤ 'ਤੇ ਥਾਣਾ ਦੋਰਾਹਾ ਵਿਖੇ 10 ਮਾਰਚ 2019 ਨੂੰ ਕੇਸ ਦਰਜ ਕੀਤਾ ਗਿਆ ਸੀ।

## ਪੰਜਾਬ ਦੇ ਰਾਸ਼ਟਰੀ ਪੱਧਰ ਦੇ ਖਿਡਾਰੀ ਨੇ ਕੀਤੀ ਖੁਦਕੁਸ਼ੀ

ਅਬੋਹਰ/ਲੋਕ ਬਾਣੀ
ਅਬੋਹਰ 'ਚ ਰਾਸ਼ਟਰੀ ਪੱਧਰ ਦੇ ਕਬੱਡੀ ਖਿਡਾਰੀ ਨੇ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਮ੍ਰਿਤਕ ਮੁੱਖ ਮੰਤਰੀ ਹਾਊਸ ਵਿੱਚ ਕਮਾਂਡੋ ਵਜੋਂ ਤਾਇਨਾਤ ਸੀ। ਦੱਸਿਆ ਜਾ ਰਿਹਾ ਹੈ ਕਿ ਉਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ। ਜਿਸ ਕਾਰਨ ਉਸ ਨੇ ਇਹ ਕਦਮ ਚੁੱਕ ਲਿਆ। ਸੂਚਨਾ ਮਿਲਣ 'ਤੇ ਥਾਣਾ ਸਿਟੀ ਫੌਰੈਸਟ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਮੋਰਚਰੀ 'ਚ ਭੇਜ ਦਿੱਤਾ ਹੈ। ਜਾਣਕਾਰੀ ਅਨੁਸਾਰ 30 ਸਾਲਾ ਕਰਮਾ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਸੀਤਾਰਾਮ ਕਲੋਨੀ, ਅਬੋਹਰ, ਸੀ.ਐਮ ਹਾਊਸ ਚੰਡੀਗੜ੍ਹ ਵਿਖੇ ਸੁਰੱਖਿਆ ਵਿਭਾਗ ਵਿੱਚ ਤਾਇਨਾਤ ਸੀ। 27 ਮਾਰਚ ਨੂੰ ਕਰਮ ਸਿੰਘ ਆਪਣੇ ਕਿਸੇ ਦੋਸਤ ਦੇ ਵਿਆਹ ਕਾਰਨ ਛੁੱਟੀ 'ਤੇ ਆਇਆ ਹੋਇਆ ਸੀ।



## ਕੇਰਲ ਦੇ ਮੁੱਖ ਮੰਤਰੀ ਦਾ ਵੱਡਾ ਬਿਆਨ

ਤਿਰੂਵਨੰਤਪੁਰਮ (ਕੇਰਲ)/ਲੋਕ ਬਾਣੀ
ਕੇਰਲ ਦੇ ਮੁੱਖ ਮੰਤਰੀ ਪਿਨਾਰਈ ਵਿਜਯਨ ਨੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਭੇਜ ਕੇ



ਕਿਹਾ ਹੈ ਕਿ ਰਾਜ ਦੇ ਖਾੜੀ ਮੁਲਕਾਂ ਵਿਚਲੇ ਲੱਖਾਂ ਕਾਮਿਆਂ ਨੂੰ ਹਵਾਈ ਟਿਕਟਾਂ ਲਈ ਬਹੁਤ ਜ਼ਿਆਦਾ ਕੀਮਤ ਅਦਾ ਕਰਨੀ ਪੈ ਰਹੀ ਹੈ। ਇਸ ਕਾਰਨ ਉਨ੍ਹਾਂ ਦੀ ਬੱਚਤ ਨੂੰ ਵੱਡਾ ਖੋਰਾ ਲੱਗ ਰਿਹਾ ਹੈ। ਉਨ੍ਹਾਂ ਕਿਹਾ ਕਿ ਤਿਓਹਾਰਾਂ ਦੇ ਸੀਜ਼ਨ ਦੌਰਾਨ ਤਾਂ ਹਵਾਈ ਟਿਕਟਾਂ ਦੀ ਕੀਮਤ ਵੱਸੋਂ ਬਾਹਰ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਦੇ ਸਾਲ ਵਿੱਚ ਹਵਾਈ ਕਿਰਾਏ ਵਿੱਚ ਤਿੱਖੇ ਵਾਧੇ ਅਤੇ ਉਡਾਣਾਂ ਦੀ ਗਿਣਤੀ ਵਿੱਚ ਗਿਰਾਵਟ ਕਾਰਨ ਬੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਆਂਧਰਾ ਪ੍ਰਦੇਸ਼ 'ਚ ਮੰਦਰ ਨੂੰ ਲੱਗੀ ਅੱਗ



ਦੁਵਵਾ (ਆਂਧਰਾ ਪ੍ਰਦੇਸ਼)/ਲੋਕ ਬਾਣੀ
ਆਂਧਰਾ ਪ੍ਰਦੇਸ਼ ਦੇ ਪੱਛਮੀ ਗੋਦਾਵਰੀ ਜ਼ਿਲ੍ਹੇ ਵਿੱਚ ਰਾਮ ਨੌਮੀ ਸਮਾਗਮ ਦੀ ਸਮਾਪਤੀ ਮੌਕੇ ਅੱਜ ਮੰਦਰ ਵਿੱਚ ਅੱਗ ਲੱਗ ਗਈ। ਅਧਿਕਾਰੀ ਨੇ ਦੱਸਿਆ ਕਿ ਅੱਗ ਵੇਣੂਗੋਪਾਲ ਸਵਾਮੀ ਮੰਦਰ 'ਚ ਲੱਗੀ। ਉਸ ਨੇ ਦੱਸਿਆ ਕਿ ਸਾਰੇ ਸ਼ਰਧਾਲੂ ਪਹਿਲਾਂ ਹੀ ਅਹਾਤੇ ਤੋਂ ਬਾਹਰ ਚਲੇ ਗਏ ਸਨ।

## ਅਮਰੀਕਾ ਹੈਲੀਕਾਪਟਰ ਹਾਦਸੇ 'ਚ 9 ਸੈਨਿਕਾ ਦੀ ਹੋਈ ਮੌਤ

ਸੈਕਰਾਮੈਂਟੋ, ਕੈਲੀਫੋਰਨੀਆ/ਲੋਕ ਬਾਣੀ
ਇਕ ਸਿਖਲਾਈ ਅਭਿਆਸ ਦੌਰਾਨ ਯੂ.ਐਸ. ਆਰਮੀ ਦੇ ਦੋ ਬਲੈਕ ਹਾਕ ਹੈਲੀਕਾਪਟਰ ਕ੍ਰੈਸ਼ ਹੋਣ ਕਾਰਨ ਨੌਂ ਸੈਨਿਕਾਂ ਦੀ ਮੌਤ ਹੋ ਗਈ। ਹਾਦਸਾ ਰਾਤ ਕਰੀਬ 10 ਵਜੇ ਵਾਪਰਿਆ। ਫੋਰਟ ਕੈਂਪਬੈਲ ਦੇ ਪੱਛਮ ਵਿਚ ਟ੍ਰਿਗ ਕਾਉਂਟੀ ਵਿਚ ਫੌਜੀ ਬੇਸ ਨੇ ਵੀਰਵਾਰ ਨੂੰ ਸਵੇਰੇ ਇਕ ਬਿਆਨ ਵਿਚ ਕਿਹਾ। ਅਧਿਕਾਰੀਆਂ ਨੇ ਦੱਸਿਆ ਕਿ ਦੋ ਐਚਐਚ-60 ਬਲੈਕ ਹਾਕ ਮੈਡੀਕਲ ਨਿਕਾਸੀ ਜਹਾਜ਼ ਇਕ ਸਿਖਲਾਈ ਅਭਿਆਸ ਵਿਚ ਰੁੱਝੇ ਹੋਏ ਸਨ।

## ਜੰਮੂ ਕਸ਼ਮੀਰ ਵਿੱਚ ਹੋਇਆ ਵੱਡਾ ਧਮਾਕਾ, ਧਰਤੀ 'ਚ ਹੋਇਆ ਟੋਆ

ਹੀਰਾਨਗਰ/ਜੰਮੂ/ਲੋਕ ਬਾਣੀ
ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਵਿੱਚ ਭਾਰਤ-ਪਾਕਿਸਤਾਨ ਸਰਹੱਦ ਨੇੜੇ ਪਿੰਡ ਵਿੱਚ ਜ਼ਬਰਦਸਤ ਧਮਾਕੇ ਕਾਰਨ ਜ਼ਮੀਨ ਵਿੱਚ ਵੱਡਾ ਟੋਆ ਪੈ ਗਿਆ। ਅਧਿਕਾਰੀਆਂ ਨੇ ਦੱਸਿਆ ਕਿ ਇਹ ਜ਼ਮੀਨਦੋਜ਼ ਸੁਰੰਗ(ਆਈਈਡੀ) ਧਮਾਕਾ ਜਾਪਦਾ ਹੈ। ਸ਼ੱਕ ਹੈ ਕਿ ਆਈਈਡੀ ਨੂੰ ਡਰੋਨ ਰਾਹੀਂ ਲਿਜਾਇਆ ਜਾ ਰਿਹਾ ਸੀ ਅਤੇ ਇਸ ਨੂੰ ਸਰਹੱਦ ਦੇ ਨੇੜੇ ਗਲਤ ਥਾਂ 'ਤੇ ਡਿੱਗ ਗਈ। ਇਸ ਦੌਰਾਨ ਤਲਾਸ਼ੀ ਦੌਰਾਨ ਉਥੋਂ ਹਥਗੋਲਾ ਮਿਲਿਆ ਹੈ।

## ਚੀਨ ਨੇ ਤਾਇਵਾਨੀ ਰਾਸ਼ਟਰਪਤੀ ਦੇ ਅਮਰੀਕਾ ਦੌਰੇ ਦਾ ਕੀਤਾ ਵਿਰੋਧ

ਪੇਈਚਿੰਗ/ਲੋਕ ਬਾਣੀ
ਚੀਨ ਨੇ ਚਿਤਾਵਨੀ ਦਿੱਤੀ ਹੈ ਕਿ ਜੇ ਤਾਇਵਾਨ ਦੀ ਰਾਸ਼ਟਰਪਤੀ ਸਾਈ ਇੰਗ-ਵੇਨ ਤੇ ਅਮਰੀਕੀ ਪ੍ਰਤੀਨਿਧੀ ਸਭਾ ਦੇ ਸਪੀਕਰ ਕੇਵਿਨ ਮੈਕਾਰਥੀ ਵਿਚਾਲੇ ਲਾਸ ਏਂਜਲਸ ਵਿਚ ਮੁਲਾਕਾਤ ਹੁੰਦੀ ਹੈ ਤਾਂ ਉਸ ਵੱਲੋਂ 'ਠੋਸ ਜਵਾਬੀ ਕਾਰਵਾਈ' ਕੀਤੀ ਜਾਵੇਗੀ। ਦੱਸਣਯੋਗ ਹੈ ਕਿ ਤਾਇਵਾਨ ਦੀ ਰਾਸ਼ਟਰਪਤੀ ਆਪਣੇ ਇਕ ਦੌਰੇ ਦੌਰਾਨ ਅਮਰੀਕਾ ਵਿਚ ਰੁਕੇਗੀ।

## ਫਿਲਪੀਂਸ 'ਚ ਕਿਸ਼ਤੀ ਨੂੰ ਲੱਗੀ ਅੱਗ, 31 ਮਰੇ

ਮਨੀਲਾ/ਲੋਕ ਬਾਣੀ
ਦੱਖਣੀ ਫਿਲਪੀਨਜ਼ ਵਿੱਚ ਕਿਸ਼ਤੀ ਵਿੱਚ ਅੱਗ ਲੱਗਣ ਕਾਰਨ ਘੱਟੋ-ਘੱਟ 31 ਵਿਅਕਤੀਆਂ ਦੀ ਮੌਤ ਹੋ ਗਈ ਹੈ ਅਤੇ ਸੱਤ ਲਾਪਤਾ ਹਨ। ਕਿਸ਼ਤੀ 'ਤੇ ਕਰੀਬ 250 ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਸਵਾਰ ਸਨ। ਬਚਾਏ ਲੋਕਾਂ ਵਿੱਚੋਂ ਕਈਆਂ ਨੇ ਅੱਗ ਲੱਗਣ ਤੋਂ ਬਾਅਦ ਘਬਰਾਹਟ ਵਿੱਚ ਐਮਵੀ ਲੇਡੀ ਮੇਰੀ ਜੋਏ ਕਿਸ਼ਤੀ ਤੋਂ ਪਾਣੀ ਵਿੱਚ ਛਾਲ ਮਾਰ ਦਿੱਤੀ ਸੀ।


JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ®
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
82880 21797
82880 21798
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਉਂਟਸ ਨੂੰ ਫਾਲੋ ਕਰੋ
JSDC GROUP - INDIA



ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 99155-94111